# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 26-07-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਕਾਰਗਿਲ ਵਿਜੇ ਦਿਵਸ ਦੀ 25ਵੀਂ ਵਰ੍ਹੇਗੰਢ ਮੌਕੇ, ਅੱਜ ਦਰਾਸ ਵਿੱਚ ਕਾਰਗਿਲ ਜੰਗ ਦੇ ਨਾਇਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ - ਕਿਹਾ ਕਿ ਭਾਰਤੀ ਜਵਾਨ, ਪੂਰੀ ਤਾਕਤ ਨਾਲ ਅੱਤਵਾਦ ਨੂੰ ਕੁਚਲ ਦੇਣਗੇ ਤੇ ਦੁਸ਼ਮਣ ਨੂੰ ਮੂੰਹ ਤੋੜਵਾਂ ਜਵਾਬ ਦਿੱਤਾ ਜਾਵੇਗਾ।
- ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਵੀ, ਕਾਰਗਿਲ ਵਿਜੇ ਦਿਵਸ ਦੀ 25ਵੀਂ ਵਰ੍ਹੇਗੰਢ ਮੌਕੇ, ਕਈ ਸਮਾਗਮ ਕਰਵਾ ਕੇ ਸ਼ਹੀਦਾਂ ਨੂੰ ਨਮਨ ਕੀਤਾ ਗਿਆ।
- ਪੰਜਾਬ ਦੇ ਮੁਖ ਸਕੱਤਰ ਅਨੁਰਾਗ ਵਰਮਾ ਨੇ ਕਿਹਾ ਏ, ਕਿ ਪੀਣ ਵਾਲੇ ਪਾਣੀ ਦਾ ਕੋਈ ਵੀ ਨਵਾਂ ਸੈਂਪਲ ਫੇਲ੍ਹ ਹੋਣ ਦੀ ਸੂਰਤ

ਵਿੱਚ, ਜ਼ਿੰਮੇਵਾਰ ਅਧਿਕਾਰੀ ਵਿਰੁੱਧ ਤੁਰੰਤ ਕਾਰਵਾਈ ਕੀਤੀ ਜਾਵੇਗੀ।

- ਫਰਾਂਸ ਦੀ ਰਾਜਧਾਨੀ ਪੈਰਿਸ ਵਿਚ ਖੇਡਾਂ ਦੇ ਮਹਾਕੁੰਭ ਓਲੰਪਿਕ ਦਾ ਉਦਘਾਟਨੀ ਸਮਾਗਮ, ਅੱਜ ਰਾਤ 11 ਵਜੇ ਤੋਂ ਸ਼ੁਰੂ ਹੋਵੇਗਾ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਕਾਰਗਿਲ ਵਿਜੇ ਦਿਵਸ ਦੀ 25ਵੀਂ ਵਰ੍ਹੇਗੰਢ ਮੌਕੇ, ਅੱਜ ਦਰਾਸ ਵਿੱਚ ਕਾਰਗਿਲ ਜੰਗ ਦੇ ਨਾਇਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ । ਇਸ ਮੌਕੇ ਇਕ ਇਕੱਠ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਲੱਦਾਖ ਦੀ ਇਹ ਮਹਾਨ ਧਰਤੀ, ਕਾਰਗਿਲ ਵਿਜੇ ਦਿਵਸ ਦੀ 25ਵੀਂ ਵਰ੍ਹੇਗੰਢ ਦੀ ਗਵਾਹ ਏ । ਜੰਮੂ-ਕਸ਼ਮੀਰ 'ਚ ਹਾਲ ਹੀ 'ਚ ਹੋਏ, ਅੱਤਵਾਦੀ ਹਮਲਿਆਂ 'ਤੇ ਪਾਕਿਸਤਾਨ ਦੀ ਆਲੋਚਨਾ ਕਰਦੇ ਹੋਏ, ਉਨਾਂ ਕਿਹਾ ਕਿ ਪਾਕਿਸਤਾਨ ਅਤੀਤ 'ਚ ਆਪਣੀਆਂ ਸਾਰੀਆਂ ਨਾਪਾਕ ਕੋਸ਼ਿਸ਼ਾਂ 'ਚ ਅਸਫਲ ਰਿਹਾ ਏ, ਪਰ ਅੱਤਵਾਦ ਤੇ ਪ੍ਰੌਕਸੀ ਜੰਗ ਦੀ ਮਦਦ ਨਾਲ, ਆਪਣੇ ਆਪ ਨੂੰ ਢੁੱਕਵਾਂ ਰੱਖਣ ਦੀ ਕੋਸ਼ਿਸ਼ ਕਰ ਰਿਹਾ ਏ।

**BYTE:**

ਪ੍ਰਧਾਨ ਮੰਤਰੀ ਮੋਦੀ ਨੇ ਅਗਨੀਪਥ ਯੋਜਨਾ ਬਾਰੇ ਗਲਤ ਜਾਣਕਾਰੀ ਫੈਲਾਉਣ ਲਈ, ਵਿਰੋਧੀ ਧਿਰ ਦੀ ਵੀ ਆਲੋਚਨਾ ਕੀਤੀ ਅਤੇ ਕਿਹਾ ਕਿ ਇਹ ਮਹੱਤਵਪੂਰਨ ਸੁਧਾਰਾਂ ਵਿੱਚੋਂ ਇੱਕ ਏ ਅਤੇ ਦੇਸ਼ ਦੀ ਤਾਕਤ ਵਿੱਚ ਵਾਧਾ ਕਰੇਗਾ।

**BYTE:**

ਸਮਾਗਮ ਤੋਂ ਬਾਅਦ ਪ੍ਰਧਾਨ ਮੰਤਰੀ ਮੋਦੀ ਨੇ, ਲੱਦਾਖ ਵਿੱਚ ਸ਼ਿੰਕੁਨ ਲਾ ਸੁਰੰਗ ਪ੍ਰੋਜੈਕਟ ਦੀ ਵਰਚੁਅਲ ਤੌਰ ਤੇ ਸ਼ੁਰੂਆਤ ਕੀਤੀ। ਇਸ ਪ੍ਰੋਜੈਕਟ ਵਿੱਚ 4.1 ਕਿਲੋਮੀਟਰ ਲੰਬੀ ਟਵਿਨ-ਟਿਊਬ ਸੁਰੰਗ ਸ਼ਾਮਲ ਏ ਜਿਹੜੀ ਲੇਹ ਨੂੰ ਹਰ ਮੌਸਮ ਵਿੱਚ ਸੰਪਰਕ ਪ੍ਰਦਾਨ ਕਰੇਗੀ।

---------------------------------------------------------

ਬਠਿੰਡਾ ਫ਼ੌਜੀ ਛਾਉਣੀ ਵਿਖੇ ਅੱਜ ਕਾਰਗਿਲ ਵਿਜੇ ਦਿਵਸ ਸਿਲਵਰ ਜੁਬਲੀ ਜਸ਼ਨ ਮਨਾਇਆ ਗਿਆ। ਦੇਸ਼ ਦੀ ਰੱਖਿਆ ਲਈ ਜਾਨਾਂ ਕੁਰਬਾਨ ਕਰਨ ਵਾਲੇ ਬਹਾਦਰ ਨਾਇਕਾਂ ਨੂੰ ਫ਼ੌਜੀ ਛਾਉਣੀ ਦੇ ਅੰਦਰ

ਸਥਿਤ ਜੰਗੀ ਯਾਦਗਾਰ 'ਯੋਧਾ ਯਾਦਗਾਰ' ਵਿਖੇ ਸ਼ਰਧਾਂਜਲੀ ਭੇਟ ਕੀਤੀ ਗਈ । ਇਸ ਤੋਂ ਬਾਅਦ ਇੱਕ ਇੰਟਰ-ਐਕਟਿਵ ਸੈਸ਼ਨ ਹੋਇਆ, ਜਿਸ ਵਿੱਚ ਕਾਰਗਿਲ ਜੰਗ ਦੇ ਬਹਾਦਰ ਸੈਨਿਕਾਂ ਨੇ ਆਪਰੇਸ਼ਨ ਦੇ ਆਪਣੇ ਤਜ਼ਰਬੇ ਸਾਂਝੇ ਕੀਤੇ । ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਨੇ, ਬਹਾਦਰ ਸੈਨਿਕਾਂ ਅਤੇ ਅਧਿਕਾਰੀਆਂ ਨਾਲ ਗੱਲਬਾਤ ਵੀ ਕੀਤੀ । ਜਿਸ ਨੇ ਨੌਜਵਾਨ ਮਨਾਂ ਨੂੰ, ਫੌਜੀ ਜੀਵਨ ਦੀ ਝਲਕ ਪ੍ਰਦਾਨ ਕੀਤੀ ਅਤੇ ਸਾਰੇ ਨੌਜਵਾਨਾਂ ਨੂੰ ਭਵਿੱਖ ਵਿੱਚ ਹਥਿਆਰਬੰਦ ਸੈਨਾਵਾਂ ਵਿੱਚ ਭਰਤੀ ਹੋਣ ਲਈ ਪ੍ਰੇਰਿਤ ਕੀਤਾ । 81-ਸਬ ਏਰੀਆ ਦੇ ਜਨਰਲ ਅਫਸਰ ਕਮਾਂਡਿੰਗ, ਮੇਜਰ ਜਨਰਲ ਏ. ਸ੍ਰੀਧਰ ਨੇ ਹਾਜ਼ਰ ਸਾਬਕਾ ਸੈਨਿਕਾਂ ਪ੍ਰਤੀ ਆਪਣਾ ਸਤਿਕਾਰ ਪ੍ਰਗਟ ਕੀਤਾ ਅਤੇ ਉਨ੍ਹਾਂ ਨਾਲ ਗੱਲਬਾਤ ਕਰਕੇ, ਮਾਣ ਮਹਿਸੂਸ ਕੀਤਾ । ਉਨ੍ਹਾਂ ਸ਼ਹੀਦ ਸੈਨਿਕਾਂ ਦੇ ਪਰਿਵਾਰਾਂ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਨੇ ਕਈ ਸਾਲਾਂ ਤੋਂ ਜੰਗ ਦਾ ਸੰਤਾਪ ਝੱਲਿਆ ਏ ।

---------------------------------------------------

ਗੁਰਦਾਸਪੁਰ ਦੇ ਸੈਨਿਕ ਦਫਤਰ ਵਿਖੇ ਕਰਵਾਏ ਵਿਜੇ ਦਿਵਸ ਸਮਾਗਮ

ਵਿਚ ਕੈਬਨਟ ਮੰਤਰੀ ਲਾਲ ਚੰਦ ਕਟਾਰੁਚੱਕ ਸ਼ਾਮਲ ਹੋਏ। ਉਨਾਂ ਕਾਰਗਿਲ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਅਤੇ ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਨਮਾਨਤ ਕੀਤਾ। ਉਨਾਂ ਕਿਹਾ ਕਿ ਸੂਬੇ ਦੇ ਕਾਰਗਲ ਸ਼ਹੀਦਾਂ ਦੇ ਪਰਿਵਾਰਾਂ ਦੇ ਨਾਲ ਸਰਕਾਰ ਹਮੇਸ਼ਾ ਹੀ ਖੜੀ ਏ।

---------------------------------------------------------------

ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਹੁਸ਼ਿਆਰਪੁਰ ਵੱਲੋਂ, ਕਾਰਗਿਲ ਵਿਜੇ ਦਿਵਸ ਦੀ ਸਿਲਵਰ ਜੁਬਲੀ ਤੇ ਕਰਵਾਏ ਪ੍ਰੋਗਰਾਮ ਵਿਚ ਮੁੱਖ ਮਹਿਮਾਨ ਰਹੇ, ਐਸ ਡੀ ਐਮ ਪ੍ਰੀਤ ਇੰਦਰ ਸਿੰਘ, ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਬੋਰਡ ਦੇ ਸਕੱਤਰ ਸੇਵਾਮੁਕਤ ਵਿੰਗ ਕਮਾਂਡਰ ਗੁਰਪ੍ਰੀਤ ਸਿੰਘ ਅਤੇ CBC ਦੇ ਫੀਲਡ ਪਬਲੀਸਿਟੀ ਅਫ਼ਸਰ ਰਾਜੇਸ਼ ਬਾਲੀ ਸਮੇਤ ਹੋਰਨਾਂ ਨੇ ਸ਼ਹੀਦੀ ਸਮਾਰਕ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ । ਪ੍ਰੀਤ ਇੰਦਰ ਸਿੰਘ ਨੇ, ਜ਼ਿਲ੍ਹੇ ਦੇ 20 ਕਾਰਗਿਲ ਸ਼ਹੀਦਾਂ ਦੇ ਪਰਿਵਾਰਾਂ ਨੂੰ 5100 ਰੁਪਏ ਦੇ ਚੈੱਕ ਭੇਟ ਕੀਤੇ । ਇਨ੍ਹਾਂ ਵਿੱਚੋਂ ਤਿੰਨ, ਜਣੇ ਕਾਰਗਿਲ ਜੰਗੀ ਯਾਦਗਾਰ ਦਾ ਦੌਰਾ ਕਰਨ ਲਈ ਦਰਾਸ

ਗਏ ਸਨ, ਉਨ੍ਹਾਂ ਦੇ ਚੈੱਕ ਬਾਅਦ ਵਿੱਚ ਸੌਂਪੇ ਜਾਣਗੇ। ਭਾਰਤ ਸਰਕਾਰ ਦੇ ਸੂਚਨਾ ਤੇ ਪ੍ਰਸਾਰਣ ਮੰਤਰਾਲਾ ਤਹਿਤ ਕੇਂਦਰੀ ਸੰਚਾਰ ਬਿਊਰੋ ਜਲੰਧਰ ਨੇ ਕਾਰਗਿਲ 'ਤੇ ਫੋਟੋ ਪ੍ਰਦਰਸ਼ਨੀ ਵੀ ਲਗਾਈ, ਜਿਸ ਵਿੱਚ ਇਹ ਦਰਸਾਇਆ ਗਿਆ ਸੀ ਕਿ 1999 ਵਿੱਚ ਜੰਗ ਕਿਵੇਂ ਲੜੀ ਗਈ ਸੀ। ਇਸ ਤੋਂ ਪਹਿਲਾਂ ਇੱਕ ਸੱਭਿਆਚਾਰਕ ਮੰਡਲੀ ਨੇ ਕਾਰਗਿਲ ਜੰਗ 'ਤੇ ਸੰਗੀਤਕ ਨਾਟਕ ਪੇਸ਼ ਕੀਤਾ, ਜਿਸ ਦੀ ਸਾਰਿਆਂ ਨੇ ਸ਼ਲਾਘਾ ਕੀਤੀ ਅਤੇ ਬਹੁਤ ਸਾਰੇ ਲੋਕਾਂ ਦੇ ਹੰਝੂ ਵਹਿ ਤੁਰੇ।

---------------------------------------------------------------

ਟੂ ਪੰਜਾਬ ਐਨ.ਸੀ.ਸੀ. ਬਟਾਲੀਅਨ ਦੀ ਅਗਵਾਈ ਹੇਠ, ਐਨ.ਸੀ.ਸੀ. ਕੈਡਿਟਾਂ ਅਤੇ ਫੌਜ ਦੇ ਇੰਸਟ੍ਰਕਟਰਾਂ ਨੇ, ਜੰਗੀ ਯਾਦਗਾਰ ਜਲੰਧਰ ਵਿਖੇ ਫੁੱਲਮਾਲਾਵਾਂ ਭੇਟ ਕਰਕੇ, ਕਾਰਗਿਲ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਕਮਾਂਡ ਅਧਿਕਾਰੀ ਕਰਨਲ ਵਿਨੋਦ ਜੋਸ਼ੀ ਨੇ ਦੱਸਿਆ ਕਿ ਦੋਆਬਾ ਕਾਲਜ ਵਿੱਚ ਪੰਜ ਕਿਲੋਮੀਟਰ ਦੀ ਦੌੜ ਕਰਵਾਈ ਗਈ, ਜਿਸ ਵਿੱਚ ਕੈਡਿਟਾਂ, ਵਿਦਿਆਰਥੀਆਂ ਅਤੇ ਉੱਘੇ ਨਾਗਰਿਕਾਂ ਨੇ ਹਿੱਸਾ ਲਿਆ। ਡੋਗਰਾ ਰੈਜੀਮੈਂਟ ਦੇ ਸ਼ਹੀਦ ਸਮਾਰਕ 'ਤੇ ਵੀ ਸ਼ਰਧਾਂਜਲੀ ਭੇਟ ਕਰਨ

ਦੀ ਰਸਮ ਅਦਾ ਕੀਤੀ ਗਈ । ਕਰਨਲ ਜੋਸ਼ੀ ਨੇ ਦੱਸਿਆ ਕਿ 38 ਕਾਲਜਾਂ ਅਤੇ ਸਕੂਲਾਂ ਵਿੱਚ ਡਰਾਇੰਗ ਤੇ ਪੇਂਟਿੰਗ ਮੁਕਾਬਲੇ ਕਰਵਾਏ ਗਏ ਜਦਕਿ ਕਈ ਕਾਲਜਾਂ ਵਿੱਚ ਲੈਕਚਰਾਂ ਰਾਹੀਂ ਵਿਦਿਆਰਥੀਆਂ ਨੂੰ ਕਾਰਗਿਲ ਜੰਗ ਦੇ ਸੂਰਬੀਰ ਯੋਧਿਆਂ ਦੀਆਂ ਗਾਥਾਵਾਂ ਸੁਣਾਈਆਂ ਗਈਆਂ।

-----------------------------------------------------------------

BJP ਦੇ ਸੀਨੀਅਰ ਨੇਤਾ ਤੇ ਸਾਬਕਾ ਰਾਜ ਸਭਾ ਮੈਂਬਰ, ਸ਼ਵੇਤ ਮਲਿਕ ਨੇ, ਜਲ੍ਹਿਆਂਵਾਲਾ ਬਾਗ ਅੰਮ੍ਰਿਤਸਰ ਵਿਖੇ ਦੋ ਮਿੰਟ ਦਾ ਮੌਨ ਰੱਖ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨਾਂ ਕਿਹਾ ਕਿ ਦੇਸ਼ ਲਈ ਕੁਰਬਾਨੀਆਂ ਦੇਣ ਵਾਲੇ ਸ਼ਹੀਦਾਂ ਦੀ ਬਦੌਲਤ ਅੱਜ ਅਸੀਂ ਸਾਰੇ ਖੁੱਲ੍ਹੀ ਹਵਾ ਵਿਚ ਸਾਹ ਲੈ ਰਹੇ ਹਾਂ। ਉਨ੍ਹਾਂ ਕਿਹਾ ਕਿ ਉਹ ਖੁਸ਼ਕਿਸਮਤ ਨੇ, ਕਿ ਉਨ੍ਹਾਂ ਨੂੰ ਸ਼ਹੀਦਾਂ ਦੀ ਯਾਦਗਾਰ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਏ ਅਤੇ ਗੁਰੂ ਨਗਰੀ ਦੇ ਜਲਿਆਂਵਾਲਾ ਬਾਗ ਵਿੱਚ ਅਜੇ ਵੀ ਕਈ ਪ੍ਰੋਜੈਕਟ ਚੱਲ ਰਹੇ ਨੇ।

---------------------------------------------------------------

ਪੰਜਾਬ ਦੇ ਮੁੱਖ ਸਕੱਤਰ ਅਨੁਰਾਗ ਵਰਮਾ ਨੇ, ਦੂਸ਼ਿਤ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ ਦੀ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਾਂ ਅਤੇ ਸਿਵਲ ਸਰਜਨਾਂ ਨਾਲ ਅੱਜ ਵੀਡੀਓ ਕਾਨਫਰੰਸ ਰਾਹੀਂ ਸਮੀਖਿਆ ਕੀਤੀ। ਉਨ੍ਹਾਂ ਸਪੱਸ਼ਟ ਕੀਤਾ ਕਿ ਹਰ ਸੂਬਾ ਵਾਸੀ ਦੀ ਸਿਹਤ ਦੀ ਜ਼ਿੰਮੇਵਾਰੀ ਸਰਕਾਰ ਦੀ ਏ ਅਤੇ ਇਸ ਮਾਮਲੇ ਵਿੱਚ ਕੋਈ ਵੀ ਢਿੱਲ ਜਾਂ ਕੋਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕੋਈ ਵੀ ਨਵਾਂ ਸੈਂਪਲ ਫੇਲ੍ਹ ਹੋਣ ਦੀ ਸੂਰਤ ਵਿੱਚ ਸਬੰਧਤ ਖੇਤਰ ਵਿੱਚ ਪਾਣੀ ਦੀ ਸਪਲਾਈ ਲਈ ਜ਼ਿੰਮੇਵਾਰ ਅਧਿਕਾਰੀ ਵਿਰੁੱਧ ਤੁਰੰਤ ਕਾਰਵਾਈ ਕੀਤੀ ਜਾਵੇ। ਅਨੁਰਾਗ ਵਰਮਾ ਨੇ ਕਿਹਾ ਕਿ ਪੀਣ ਵਾਲੇ ਪਾਣੀ ਦੇ ਸੈਂਪਲ ਚੈੱਕ ਕਰਨ ਲਈ ਟੈਸਟਿੰਗ ਕਿੱਟਾਂ ਦੀ ਖ਼ਰੀਦ ਲਈ, ਸਿਹਤ ਵਿਭਾਗ ਨੇਵੱਡੇ ਜ਼ਿਲਿਆਂ ਵਾਸਤੇ  ਦੋ ਲੱਖ ਰੁਪਏ ਅਤੇ ਛੋਟੇ ਜ਼ਿਲਿਆਂ ਲਈ ਇੱਕ ਲੱਖ ਰੁਪਏ ਜਾਰੀ ਕਰ ਦਿੱਤੇ ਨੇ। ਪ੍ਰਮੁੱਖ ਸਕੱਤਰ ਜਲ ਸਪਲਾਈ ਤੇ ਸੈਨੀਟੇਸ਼ਨ ਦੇ ਦੱਸਿਆ ਕਿ ਟੈਸਟਿੰਗ ਕਿੱਟਾਂ ਲਈ ਕੁੱਲ 25 ਲੱਖ ਰੁਪਏ ਜਾਰੀ ਕੀਤੇ ਗਏ ਨੇ।

---------------------------------------------------------

ਭਾਰਤ ਸਰਕਾਰ ਦੇ ਸੂਚਨਾ ਤੇ ਪ੍ਰਸਾਰਨ ਮੰਤਰਾਲਾ ਤਹਿਤ, ਕੇਂਦਰੀ ਸੰਚਾਰ ਬਿਊਰੋ ਅੰਮ੍ਰਿਤਸਰ ਨੇ ਭਾਰਤੀ ਨਿਆ ਸੰਹਿਤਾ ਅਤੇ ਫਲੈਗਸ਼ਿਪ ਯੋਜਨਾਵਾਂ  ਸਬੰਧੀ ਇੱਕ ਸੈਮੀਨਾਰ ਅੱਜ ਦੇਵ ਸਮਾਜ ਕਾਲਜ ਫਿਰੋਜ਼ਪੁਰ ਵਿੱਚ ਜਿਲਾ ਪ੍ਰਸ਼ਾਸਨ ਤੇ ਜਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਹਿਯੋਗ ਨਾਲ ਕਰਵਾਇਆ। ਜਿਲ੍ਹਾ ਤੇ ਸੈਸ਼ਨ ਜੱਜ ਵਰਿੰਦਰ ਅਗਰਵਾਲ ਇਸ ਮੌਕੇ ਹਾਜਰ ਰਹੇ।  ਉਨਾਂ ਕਿਹਾ ਕਿ ਭਾਰਤ ਸਰਕਾਰ ਨੇ ਪਹਿਲੀ ਜੁਲਾਈ ਤੋਂ ਤਿੰਨ ਨਵੇਂ ਕਾਨੂੰਨ ਲਾਗੂ ਕੀਤੇ ਨੇ ਅਤੇ ਇਨਾਂ ਰਾਹੀਂ ਸਮੇਂ ਤੇ ਇਨਸਾਫ ਦਵਾਉਣਾ ਯਕੀਨੀ ਬਣਾਇਆ ਗਿਆ ਏ ਤਾਂ ਜੋ ਦੋਸ਼ੀਆਂ ਨੂੰ ਸਮੇਂ ਸਿਰ ਸਜਾਵਾਂ ਅਤੇ ਪੀੜਤਾਂ ਨੂੰ ਨਿਰਧਾਰਤ ਸਮੇਂ ਵਿੱਚ ਇਨਸਾਫ ਮਿਲ ਸਕੇ। ਉਨਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪੁਲਿਸ ਨਿਆਇਕ ਅਧਿਕਾਰੀ ਅਤੇ ਕਾਨੂੰਨ ਨਾਲ ਜੁੜੇ ਲੋਕਾਂ ਨੂੰ ਸਿਖਲਾਈ ਦਿੱਤੀ ਜਾ ਰਹੀ ਏ। ਉਨਾਂ ਨਵੇਂ ਕਾਨੂੰਨਾਂ ਸਬੰਧੀ ਆਮ ਲੋਕਾਂ ਨੂੰ ਜਾਣਕਾਰੀ ਦੇਣ ਲਈ ਅਤੇ ਵਿਦਿਆਰਥੀਆਂ ਨੂੰ ਆਪਣੇ ਹੱਕਾਂ ਪ੍ਰਤੀ ਜਾਗਰੂਕ ਕਰਨ ਲਈ ਕਾਲਜ ਫੈਕਲਟੀ ਮੈਂਬਰਾਂ ਨੇ ਇਨਾਂ ਕਾਨੂੰਨਾਂ ਬਾਰੇ

ਡੂੰਘਾਈ ਨਾਲ ਸਮਝਣ ਦੀ ਜਰੂਰਤ ਤੇ ਜ਼ੋਰ ਦਿੱਤਾ ਅਤੇ ਕਿਹਾ ਕਿ ਮੌਜੂਦਾ ਸਮੇਂ ਇਹ ਤਿੰਨ ਕਾਨੂੰਨ ਹਰ ਭਾਰਤੀ ਲਈ ਲਾਹੇਵੰਦ ਸਾਬਤ ਹੋਣਗੇ।

---------------------------------------------------------

ਫਰਾਂਸ ਦੀ ਰਾਜਧਾਨੀ ਪੈਰਿਸ ਵਿਚ ਖੇਡਾਂ ਦੇ ਮਹਾਕੁੰਭ ਓਲੰਪਿਕ ਦਾ ਉਦਘਾਟਨ ਸਮਾਗਮ ਅੱਜ ਰਾਤ ਹੋ ਰਿਹਾ ਏ। ਇਸ ਨੂੰ ਯਾਦਗਾਰ ਬਣਾਉਣ ਲਈ ਖਾਸ ਤਿਆਰੀਆਂ ਕੀਤੀਆਂ ਗਈਆਂ ਨੇ। ਕੁਲ 32 ਖੇਡਾਂ ਲਈ ਮੁਕਾਬਲੇ ਵੇਖਣ ਨੂੰ ਮਿਲਣਗੇ।

***<u>ਹੋਰ ਵੇਰਵੇ ਨਾਲ ਇਹ ਰਿਪੋਰਟ : ਡਿਸਪੈਚ: ਪੈਰਿਸ ਓਲੰਪਿਕ ਖੇਡਾਂ ਦਾ ਉਦਘਾਟਨੀ ਸਮਾਗਮ ਸਟੇਡਿਅਮ ਤੋਂ ਹਟ ਕੇ ਸੀਨ ਨਦੀ ਦੇ ਕੰਡੇ ਤੇ ਹੋ ਰਿਹਾ ਏ। ਇਸ ਲਈ ਪੈਰਿਸ ਵਿਚ ਖਾਸ ਤਿਆਰੀਆਂ ਕੀਤੀਆਂ ਗਈਆਂ ਨੇ। ਪੈਰਿਸ ਵਿਚ ਕੋਈ ਸੌ ਸਾਲ ਮਗਰੋਂ ਓਲੰਪਿਕ ਖੇਡਾਂ ਹੋ ਰਹੀਆਂ ਨੇ। 200 ਮੁਲਕਾਂ ਦੇ ਦਸ ਹਜ਼ਾਰ ਤੋਂ ਵੱਧ ਖਿਡਾਰੀ 19 ਕਿਸ਼ਤੀਆਂ ਵਿਚ ਸਵਾਰ ਹੋ ਕੇ ਇਸ ਸ਼ਾਨਦਾਰ ਰੰਗਾਰੰਗ ਸਮਾਗਮ ਦਾ ਗਵਾਹ ਬਣਨਗੇ। ਭਾਰਤੀ ਦਲ ਦੀ</u>***

*ਅਗਵਾਈ ਬੈਡਮਿੰਟਨ ਸਟਾਰ ਪੀ ਵੀ ਸਿੰਧੂ ਅਤੇ ਟੇਬਲ ਟੈਨਿਸ ਖਿਡਾਰੀ ਸ਼ਰਥ ਕਮਲ ਕਰਨਗੇ। ਆਪਣੀ ਇਸ ਭੂਮਿਕਾ ਨੂੰ ਲੈ ਕੇ ਇਹ ਦੋਵੇਂ ਹੀ ਖਿਡਾਰੀ ਬੇਹੱਦ ਹੀ ਉਤਸ਼ਾਹਤ ਨੇ।*

***Byte***

*ਭਾਰਤੀ ਸਮੇ ਅਨੁਸਾਰ ਅੱਜ ਰਾਤ 11 ਵਜੇ ਤੋਂ ਇਹ ਸਮਾਗਮ ਸ਼ੁਰੂ ਹੋਵੇਗਾ। ਪਿਛਲੇ ਟੋਕਿਓ ਓਲੰਪਿਕ ਵਿਚ ਭਾਰਤ ਨੇ ਇਕ ਸੋਨ ਤਮਗੇ ਸਮੇਤ ਕੁਲ ਸੱਤ ਤਮਗੇ ਹਾਸਲ ਕੀਤੇ ਸਨ। ਇਸ ਵਾਰ ਦੇਸ਼ਵਾਸੀਆਂ ਨੂੰ ਇਨਾਂ ਤਮਗਿਆਂ ਦੀ ਗਿਣਤੀ ਵਧਣ ਦੀ ਪੂਰੀ ਆਸ ਏ। ਭਾਵੇਂ ਇਹ ਮੁਸ਼ਕਲ ਜਰੂਰ ਏ ਪਰ ਨਾਮੁਮਕਿਨ ਨਹੀਂ ਏ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

---------------------------------------------------

ਭਾਰਤ, ਮਹਿਲਾ ਏਸ਼ੀਆ ਕ੍ਰਿਕੇਟ ਕੱਪ ਦੇ ਫਾਈਨਲ ਵਿਚ ਪੁੱਜ ਗਿਆ ਏ। ਕੋਲੰਬੋ ਵਿਚ ਅੱਜ ਹੋਏ ਸੈਮੀ ਫਾਈਨਲ ਵਿਚ ਭਾਰਤ ਨੇ ਬੰਗਲਾਦੇਸ਼ ਨੂੰ, 10 ਵਿਕਟਾਂ ਨਾਲ ਹਰਾਇਆ। ਭਾਰਤ 9ਵੀਂ ਵਾਰ ਏਸ਼ੀਆ ਕੱਪ ਦੇ ਫਾਈਨਲ ਵਿਚ ਪੁੱਜਿਆ ਏ। ਸਿਰਫ 81 ਦੌੜਾਂ ਦੇ ਛੋਟੇ ਜਿਹੇ ਟੀਚੇ ਦਾ

ਪਿੱਛਾ ਕਰਨ ਉਤਰੀ ਭਾਰਤੀ ਟੀਮ ਨੂੰ ਸ਼ੇਫਾਲੀ ਵਰਮਾ ਅਤੇ ਸਮ੍ਰਿਤੀ ਮੰਧਾਨਾ ਨੇ ਤੇਜ਼ ਸ਼ੁਰੂਆਤ ਦਿੱਤੀ। ਦੋਵਾਂ ਨੇ 11 ਓਵਰਾਂ ਵਿੱਚ ਬਿਨਾਂ ਕਿਸੇ ਨੁਕਸਾਨ ਦੇ 83 ਦੌੜਾਂ ਬਣਾਈਆਂ ਅਤੇ ਭਾਰਤ ਨੂੰ 10 ਵਿਕਟਾਂ ਨਾਲ ਇਕ ਵੱਡੀ ਜਿੱਤ ਦਵਾਈ। ਇਸ ਤੋਂ ਪਹਿਲਾਂ ਰੇਣੂਕਾ ਸਿੰਘ ਠਾਕੁਰ ਅਤੇ ਰਾਧਾ ਯਾਦਵ ਨੇ, ਸ਼ਾਨਦਾਰ ਗੇਂਦਬਾਜ਼ੀ ਕਰਦਿਆਂ 3 - 3 ਵਿਕਟਾਂ ਹਾਸਲ ਕੀਤੀਆਂ।

----------------------------------------------------------------

**<u>ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਕਾਰਗਿਲ ਵਿਜੇ ਦਿਵਸ ਦੀ 25ਵੀਂ ਵਰ੍ਹੇਗੰਢ ਮੌਕੇ, ਅੱਜ ਦਰਾਸ ਵਿੱਚ ਕਾਰਗਿਲ ਜੰਗ ਦੇ ਨਾਇਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ - ਕਿਹਾ ਕਿ ਭਾਰਤੀ ਜਵਾਨ, ਪੂਰੀ ਤਾਕਤ ਨਾਲ ਅੱਤਵਾਦ ਨੂੰ ਕੁਚਲ ਦੇਣਗੇ ਤੇ ਦੁਸ਼ਮਣ ਨੂੰ ਮੂੰਹ ਤੋੜਵਾਂ ਜਵਾਬ ਦਿੱਤਾ ਜਾਵੇਗਾ।

- ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਵੀ, ਕਾਰਗਿਲ ਵਿਜੇ ਦਿਵਸ ਦੀ 25ਵੀਂ ਵਰ੍ਹੇਗੰਢ ਮੌਕੇ, ਕਈ ਸਮਾਗਮ ਕਰਵਾ ਕੇ ਸ਼ਹੀਦਾਂ ਨੂੰ ਨਮਨ ਕੀਤਾ ਗਿਆ।
- ਪੰਜਾਬ ਦੇ ਮੁਖ ਸਕੱਤਰ ਅਨੁਰਾਗ ਵਰਮਾ ਨੇ ਕਿਹਾ ਏ, ਕਿ ਪੀਣ ਵਾਲੇ ਪਾਣੀ ਦਾ ਕੋਈ ਵੀ ਨਵਾਂ ਸੈਂਪਲ ਫੇਲ੍ਹ ਹੋਣ ਦੀ ਸੂਰਤ ਵਿੱਚ, ਜ਼ਿੰਮੇਵਾਰ ਅਧਿਕਾਰੀ ਵਿਰੁੱਧ ਤੁਰੰਤ ਕਾਰਵਾਈ ਕੀਤੀ ਜਾਵੇਗੀ।
- ਫਰਾਂਸ ਦੀ ਰਾਜਧਾਨੀ ਪੈਰਿਸ ਵਿਚ ਖੇਡਾਂ ਦੇ ਮਹਾਕੁੰਭ ਓਲੰਪਿਕ ਦਾ ਉਦਘਾਟਨੀ ਸਮਾਗਮ, ਅੱਜ ਰਾਤ 11 ਵਜੇ ਤੋਂ ਸ਼ੁਰੂ ਹੋਵੇਗਾ।